# ਅੱਜ ਦੇ ਦਿਨ 13 ਪੋਹ 2023
# (ਮਿਤੀ 28 ਦਸੰਬਰ, 2023) ਦਾ ਇਤਿਹਾਸ

# ਨਿੱਕੀਆਂ ਜ਼ਿੰਦਾਂ ਵੱਡਾ ਸਾਕਾ

## ਗੌਰਵਮਈ ਸ਼ਹੀਦੀ ਸਾਕੇ ਦਾ ਅੱਠਵਾਂ ਦਿਨ

ਅੱਜ ਦੇ ਦਿਨ 13 ਪੋਹ ਸੰਮਤ 1761 ਬਿਕਰਮੀ (1704 ਈਸਵੀ) ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬ-ਜ਼ਾਦਿਆਂ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ ਨੂੰ ਕਾਜ਼ੀ ਦੇ ਫ਼ਤਵੇ ਅਨੁਸਾਰ ਜ਼ਿੰਦਾ ਨੀਂਹਾਂ ਵਿੱਚ ਚਿਣਨ ਉਪਰੰਤ ਸੀਸ ਕਤਲ ਕਰਕੇ ਸ਼ਹੀਦ ਕਰ ਦਿੱਤਾ ਗਿਆ। ਨੀਂਹਾਂ ਵਿੱਚ ਚਿਣਨ ਤੋਂ ਪਹਿਲਾਂ ਉਨ੍ਹਾਂ ਨੂੰ ਅਣਮਨੁੱਖੀ ਅਤੇ ਅਸਹਿ ਤਸੀਹੇ ਦਿੱਤੇ ਗਏ। ਮਾਤਾ ਜੀ ਅਤੇ ਛੋਟੇ ਸਹਿਬਜ਼ਾਦਿਆਂ ਨੂੰ ਕੜਾਕੇ ਦੀ ਠੰਢ ਵਿੱਚ ਠੰਢੇ ਬੁਰਜ ਵਿੱਚ ਰੱਖਿਆ ਗਿਆ। ਠੰਢੇ ਬੁਰਜ ਦੀ ਬਣਤਰ ਇਸ ਤਰ੍ਹਾਂ ਦੀ ਸੀ ਕਿ ਇਸ ਦੇ ਥੱਲਿਓਂ ਪਾਣੀ ਵਗਦਾ ਸੀ, ਜਿਸ ਨਾਲ ਹਵਾ ਟਕਰਾਅ ਕੇ ਉੱਪਰ ਵੱਲ ਆਉਂਦੀ ਸੀ ਅਤੇ ਅੱਤ ਦੀ ਗਰਮੀ ਵਿੱਚ ਵੀ ਕੰਬਣੀ ਛੇੜ ਦਿੰਦੀ ਸੀ। ਅਜਿਹੇ ਬੁਰਜ ਵਿੱਚ ਅੱਤ ਦੀ ਸਰਦੀ ਵਿੱਚ ਕੀ ਹਾਲ ਹੁੰਦਾ ਹੋਵੇਗਾ ਇਸ ਦਾ ਅੰਦਾਜ਼ਾ ਵੀ ਨਹੀਂ ਲਗਾਇਆ ਜਾ ਸਕਦਾ। ਸਾਹਿਬਜ਼ਾਦੇ ਜਦੋਂ ਫਿਰ ਵੀ ਇਸਲਾਮ ਕਬੂਲ ਕਰਨ ਲਈ ਨਾ ਮੰਨੇ ਤਾਂ ਇੱਕ ਖਮਚੀ (ਤੂਤ ਦੀ ਪਤਲੀ ਛਿਟੀ) ਨਾਲ ਸਾਹਿਬਜ਼ਾਦਿਆਂ ਨੂੰ ਕੁੱਟਿਆ ਗਿਆ। ਇਸ ਨਾਲ ਉਨ੍ਹਾਂ ਦਾ ਮਾਸ ਉੱਭਰ ਗਿਆ ਅਤੇ ਕੋਮਲ ਸਰੀਰ ਉੱਪਰ ਲਾਸ਼ਾਂ ਪੈ ਗਈਆਂ। ਸ਼ਹੀਦੀ ਵਾਲੇ ਦਿਨ ਦੋਵੇਂ ਸਾਹਿਬਜ਼ਾਦਿਆਂ ਨੂੰ ਪਹਿਲਾਂ ਪਿੱਪਲ਼ ਨਾਲ

ਬੰਨ੍ਹ ਕੇ ਗੁਲੇਲੇ ਮਾਰੇ ਗਏ, ਉਨ੍ਹਾਂ ਦੀਆਂ ਉਂਗਲਾਂ ਵਿੱਚ ਪੁਲੀਤੇ ਰੱਖ ਕੇ ਅੱਗ ਲਗਾਈ ਗਈ ਤਾਂ ਜੋ ਚਮੜੀ ਸੜਨ ਨਾਲ ਸਾਹਿਬਜ਼ਾਦੇ ਡੋਲ ਜਾਣ। ਇੰਨੇ ਤਸੀਹੇ ਦੇਣ ਤੋਂ ਬਾਅਦ ਵੀ ਜਦੋਂ ਉਨ੍ਹਾਂ ਈਨ ਨਾ ਮੰਨੀ ਤਾਂ ਉਨ੍ਹਾਂ ਨੂੰ ਜ਼ਿੰਦਾ ਨੀਂਹਾਂ ਵਿੱਚ ਚਿਣ ਦਿੱਤਾ ਗਿਆ। ਕੱਚੀ ਕੰਧ ਦੇ ਡਿੱਗ ਜਾਣ ਉਪਰੰਤ ਛੋਟੇ ਸਾਹਿਬਜ਼ਾਦਿਆਂ ਨੂੰ ਸੀਸ ਕਤਲ ਕਰਕੇ ਸ਼ਹੀਦ ਕਰ ਦਿੱਤਾ ਗਿਆ।

ਦੂਜੇ ਪਾਸੇ ਮੁਗਲ ਹਕੂਮਤ ਦੇ ਤਸ਼ੱਦਦ ਤਹਿਤ ਕਈ ਦਿਨਾਂ ਦੀ ਭੁੱਖ ਅਤੇ ਕੜਾਕੇ ਦੀ ਠੰਢ ਵਿੱਚ ਠੰਢੇ ਬੁਰਜ ਵਿੱਚ ਕੈਦ ਮਾਤਾ ਗੁਜਰ ਕੌਰ ਜੀ ਜ਼ਾਲਮ ਮੁਗਲ ਹਕੂਮਤ ਦੇ ਤਸੀਹਿਆਂ ਨੂੰ ਪਰਮਾਤਮਾ ਦਾ ਭਾਣਾ ਕਰਕੇ ਮੰਨਦਿਆਂ ਸੱਚਖੰਡ ਜਾ ਬਿਰਾਜੇ।

ਤੀਜੇ ਪਾਸੇ ਗੁਰੂ ਗੋਬਿੰਦ ਸਿੰਘ ਜੀ ਨੇ ਗਨੀ ਖਾਂ ਅਤੇ ਨਬੀ ਖਾਂ ਦੀ ਬੇਨਤੀ ਪ੍ਰਵਾਨ ਕਰਕੇ ਉੱਚ ਦਾ ਪੀਰ ਬਣਕੇ ਮਾਛੀਵਾੜੇ ਤੋਂ ਆਲਮਗੀਰ ਨੂੰ ਚਾਲੇ ਪਾ ਦਿੱਤੇ। ਨਬੀ ਖਾਂ, ਗਨੀ ਖਾਂ, ਭਾਈ ਧਰਮ ਸਿੰਘ ਅਤੇ ਭਾਈ ਮਾਨ ਸਿੰਘ ਜੀ ਨੇ ਗੁਰੂ ਜੀ ਦੇ ਪਲੰਘ ਨੂੰ ਮੋਢਿਆਂ ਤੇ ਚੁੱਕ ਲਿਆ ਅਤੇ ਭਾਈ ਦਇਆ ਸਿੰਘ ਜੀ ਨੇ ਚੌਰ ਦੀ ਸੇਵਾ ਨਿਭਾਈ।

ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ ਦੀ ਸ਼ਹੀਦੀ ਨੂੰ **"ਨਿੱਕੀਆਂ ਜ਼ਿੰਦਾਂ ਵੱਡਾ ਸਾਕਾ"** ਕਰਕੇ ਜਾਣਿਆ ਜਾਂਦਾ ਹੈ।

ਸਾਨੂੰ ਅੱਜ ਦੇ ਦਿਨ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ ਕਿ ਵਿਸ਼ਵ ਭਰ ਦੇ ਈਸਾਈਅਤ ਨੂੰ ਮੰਨਣ ਵਾਲੇ ਪੈਰੋਕਾਰਾਂ ਨੂੰ ਤਾਂ 2000 ਸਾਲਾਂ ਤੋਂ ਵੱਧ ਸਮੇਂ ਬਾਅਦ ਵੀ ਸਲੀਬ 'ਤੇ ਟੰਗੇ ਪ੍ਰਭੂ ਯਿਸੂ ਮਸੀਹ ਨਜ਼ਰ ਆਉਂਦੇ ਹਨ ਅਤੇ ਸਲੀਬਕਸ਼ੀ ਤੋਂ ਬਾਅਦ ਈਸਾ ਮਸੀਹ ਦੇ ਹੱਥਾਂ ਅਤੇ ਪੈਰਾਂ ਵਿੱਚ ਗੱਡੀਆਂ ਮੇਖਾਂ ਦੇ ਜ਼ਖ਼ਮਾਂ 'ਚੋਂ ਸਿੰਮਦਾ ਖ਼ੂਨ ਅਤੇ ਉਸ ਦੀ ਪੀੜਾ ਦੇ ਅਨੁਭਵ ਦਾ ਡੂੰਘਾ ਅਹਿਸਾਸ ਹੈ। ਇਸੇ ਤਰ੍ਹਾਂ ਇਸਲਾਮ ਦੇ ਅਨੁਯਾਈਆਂ ਨੂੰ 1342 ਸਾਲ ਬਾਅਦ ਵੀ 'ਕਰਬਲਾ' ਦਾ ਕਹਿਰ ਯਾਦ ਹੈ। ਹਰ ਇੱਕ ਮੁਸਲਮਾਨ ਮੁਹੱਰਮ ਦੇ ਮੌਕੇ ਆਪਣੇ ਆਪ ਨੂੰ ਕਰਬਲਾ ਦੀ ਪੀੜਾ ਵਿੱਚ ਗੁੰਮ ਕਰ ਲੈਂਦਾ ਹੈ ਅਤੇ ਆਪਣੇ ਪੈਗੰਬਰ ਦੀ ਵੇਦਨਾ ਨਾਲ ਇਕਸੁਰ ਹੋ ਜਾਂਦਾ ਹੈ। ਦੁੱਖ ਇਸ ਗੱਲ ਦਾ ਹੈ ਕਿ ਸਿੱਖ ਪਰਿਵਾਰ ਅਤੇ ਵਿੱਦਿਅਕ ਅਦਾਰੇ 318 ਸਾਲਾਂ ਦੇ ਸਮੇਂ ਅੰਦਰ ਹੀ ਨੀਂਹਾਂ ਵਿੱਚ ਚਿਣ ਕੇ ਸ਼ਹੀਦ ਹੋਏ ਦਸਮੇਸ਼ ਗੁਰੂ ਜੀ ਦੇ ਮਾਸੂਮ ਸਾਹਿਬ-ਜ਼ਾਦਿਆਂ ਦੀ ਮਹਾਨ ਕੁਰਬਾਨੀ ਨੂੰ ਵਿਸਾਰ ਕੇ ਕ੍ਰਿਸਮਿਸ ਦੀਆਂ ਖੁਸ਼ੀਆਂ ਮਨਾਉਣ ਵਿੱਚ ਮਸ਼ਰੂਫ ਕਿਵੇਂ ਹੋ ਜਾਂਦੇ ਹਨ?

ਆਓ ਪ੍ਰਣ ਕਰੀਏ ਕਿ ਸਾਹਿਬਜ਼ਾਦਿਆਂ ਦੀ ਸ਼ਹੀਦੀ ਵਾਲੇ ਦਿਨ ਅੱਜ 13 ਪੋਹ, ਅਰਥਾਤ 28 ਦਸੰਬਰ ਨੂੰ ਸਵੇਰ ਦੇ ਠੀਕ 10 ਤੋਂ 11 ਵਜੇ ਤੱਕ (ਭਾਰਤੀ ਸਮੇਂ ਮੁਤਾਬਕ) ਭਾਵੇਂ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਕਿਉਂ ਨਾ ਹੋਈਏ ਆਪੋ-ਆਪਣੇ ਪਰਿਵਾਰਾਂ ਅਤੇ ਬੱਚਿਆਂ ਨੂੰ

ਨਾਲ ਲੈ ਕੇ, ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੀ ਯਾਦ ਵਿੱਚ ਜੁੜ ਕੇ 'ਸਤਿਨਾਮ ਵਾਹਿਗੁਰੂ' ਦਾ ਜਾਪ ਕਰੀਏ।

ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਸਾਹਿਬਜ਼ਾਦਿਆਂ ਦੁਆਰਾ ਜ਼ੁਲਮ ਦਾ ਨਾਸ਼ ਕਰਕੇ ਖੁਸ਼ਹਾਲ ਸਮਾਜ ਦੀ ਸਿਰਜਣਾ ਲਈ ਪਾਏ ਪੂਰਨਿਆਂ ਉੱਪਰ ਚੱਲਣ ਲਈ ਲਾਮਬੰਦ ਹੋ ਕੇ ਜੁੱਟ ਜਾਈਏ।ਆਤਮ ਪਰਗਾਸ ਟੀਮ ਇਸ ਮਨੋਰਥ ਦੀ ਪੂਰਤੀ ਲਈ ਆਪ ਜੀ ਦੀ ਸੇਵਾ ਵਿੱਚ ਦਿਨ-ਰਾਤ ਹਾਜ਼ਰ ਹੈ।ਅੱਜ ਦੇ ਇਤਿਹਾਸ ਨੂੰ ਦਰਸਾਉਂਦਾ ਵੀਡੀਓ **ਆਤਮ ਪਰਗਾਸ ਫੇਸਬੁੱਕ ਪੇਜ** ਤੇ ਦੇਖੋ ਜੀ।

**ਚਲਦਾ...**

ਆਤਮ ਪਰਗਾਸ ਵੱਲੋਂ 'ਸਚਿਆਰ ਮਨੁੱਖਾਂ' ਦੀ ਘਾੜਤ ਲਈ ਰੋਜ਼ਾਨਾ ਵਿਸ਼ੇਸ਼ ਸਬਕ ਸਾਂਝੇ ਕੀਤੇ ਜਾਂਦੇ ਹਨ।ਸਮਾਜ ਵਿੱਚ ਸਮੇਂ ਦੀ ਕਦਰ ਦੀ ਰੁਚੀ ਪ੍ਰਬਲ ਕਰਨ ਲਈ ਵਿਦਿਆਰਥੀਆਂ ਨੂੰ ਨਵੇਕਲੀ ਸਮਾਂ-ਸਾਰਨੀ ਅਮਲ ਵਿੱਚ ਲਿਆਉਣ ਦੀ ਸਿਖਲਾਈ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਲਈ ਵਿਦਵਾਨਾਂ ਦੀ ਉਚੇਚੀ ਟੀਮ ਸੇਵਾਵਾਂ ਪ੍ਰਦਾਨ ਕਰਦੀ ਹੈ।ਸੂਝਵਾਨ ਮਾਪੇ ਅਤੇ ਅਧਿਆਪਕ ਇਨ੍ਹਾਂ ਸੇਵਾਵਾਂ ਦਾ ਲਾਹਾ ਲੈ ਸਕਦੇ ਹੋ।

**ਆਤਮ ਪਰਗਾਸ ਸੋਸ਼ਲ ਵੈਲਫ਼ੇਅਰ ਕੌਂਸਲ**
**99, ਪ੍ਰੀਤ ਵਿਹਾਰ, ਪੱਖੋਵਾਲ ਰੋਡ, ਲੁਧਿਆਣਾ - 142022**
+91 82880-10531 / 32 www.atampargas.org
Like Facebook Page Subscribe YouTube Channel



## Great Martyrs: Sahibzada Zorawar Singh and Fateh Singh Ji

| | | |
|---|---|---|
| **Birth** | : | 1696 A.D., (Zoravar Singh Ji), 1699 A.D. (Fateh Singh Ji), Sri Anandpur Sahib |
| **Father** | : | Sri Guru Gobind Singh Ji |
| **Mother** | : | Mata Ajit Kaur Ji |
| **Grand Father** | : | Sri Guru Teg Bahadar Ji |
| **Grand Mother** | : | Mata Gujar Kaur Ji |
| **Martyrdom** | : | 1704 A.D., Sirhind, District Fatehgarh Sahib, Punjab |

Gangu Brahmin betrayed Mata Gujar Kaur Ji and Sahibzadas by informing Wazir Khan (Governor of Sirhind) and causing their arrest. Wazir Khan offered freedom to Sahibzadas if they would become Muslims. But they refused and were martyred (bricked alive) after severe torture by the order of Wazir Khan.

(The excerpt from 'Sikh History Card Part - 1')